# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :15-11-2025**

ਦੇਸ਼ ਅੱਜ ਸੁਤੰਤਰਤਾ ਸੰਗਰਾਮੀ ਅਤੇ ਕਬਾਇਲੀ ਨੇਤਾ, ਭਗਵਾਨ ਬਿਰਸਾ ਮੁੰਡਾ ਦਾ ਜਨਮ ਦਿਨ ਮਨਾਉਣ ਲਈ, ਕਬਾਇਲੀ ਗੌਰਵ ਦਿਵਸ ਮਨਾ ਰਿਹਾ ਏ। ਕਬਾਇਲੀ ਇਤਿਹਾਸ ਨੂੰ ਸੰਭਾਲਣ ਦੀ ਅਹਿਮੀਅਤ ਨੂੰ ਪਛਾਣਦੇ ਹੋਏ, ਕੇਂਦਰ ਸਰਕਾਰ ਨੇ 15 ਨਵੰਬਰ ਨੂੰ ਕਬਾਇਲੀ ਗੌਰਵ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ਏ। ਸਮੇਂ ਦੇ ਨਾਲ, ਇਹ ਉਤਸਵ ਕਬਾਇਲੀ ਗੌਰਵ ਹਫ਼ਤੇ ਵਿੱਚ ਬਦਲ ਗਿਆ, ਜੋ ਕਿ ਵੱਖ-ਵੱਖ ਮੰਤਰਾਲਿਆਂ ਅਤੇ ਰਾਜਾਂ ਵਿੱਚ, ਸੱਭਿਆਚਾਰਕ ਪ੍ਰੋਗਰਾਮਾਂ, ਪ੍ਰਦਰਸ਼ਨੀਆਂ ਅਤੇ ਵਿਦਿਅਕ ਗਤੀਵਿਧੀਆਂ ਨਾਲ ਮਨਾਇਆ ਜਾਂਦਾ ਏ।

---------------------------------------------------------------

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਪੰਜਾਬ ਦੇ ਸਾਰੇ ਸ਼ਹਿਰਾਂ, ਕਸਬਿਆਂ ਅਤੇ ਪਿੰਡਾਂ ਵਿੱਚ ਖੁੱਲ੍ਹੇ ਵਿੱਚ ਕੂੜਾ ਸਾੜਨ ਦੇ ਅਮਲ ਦੀ

ਰੋਕਥਾਮ ਲਈ ਇੱਕ ਵਿਆਪਕ ਸੂਬਾ ਪੱਧਰੀ ਮੁਹਿੰਮ ਸ਼ੁਰੂ ਕੀਤੀ ਏ । ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ ਕਿ ਇਸ ਪਹਿਲਕਦਮੀ ਦੇ ਹਿੱਸੇ ਵਜੋਂ ਨਗਰ ਨਿਗਮ ਪਟਿਆਲਾ ਦੇ ਸਹਿਯੋਗ ਨਾਲ ਸਫ਼ਾਈ ਕਰਮਚਾਰੀਆਂ ਲਈ ਪਹਿਲਾ ਸਮਰੱਥਾ-ਨਿਰਮਾਣ ਸੈਸ਼ਨ ਕਰਵਾਇਆ ਗਿਆ । ਵਾਤਾਵਰਣ ਪ੍ਰਬੰਧਨ ਵਿੱਚ ਸਫ਼ਾਈ ਕਰਮਚਾਰੀਆਂ ਦੀ ਮਹੱਤਵਪੂਰਨ ਭੂਮਿਕਾ ਨੂੰ ਸਮਝਦਿਆਂ ਬੋਰਡ ਨੇ ਕੂੜਾ-ਕਰਕਟ ਪ੍ਰਬੰਧਨ ਅਭਿਆਸਾਂ ਨੂੰ ਮਜ਼ਬੂਤ ਕਰਨ ਵਾਸਤੇ ਟੀਚਾਗਤ ਸਿਖਲਾਈ ਪ੍ਰੋਗਰਾਮ ਸ਼ੁਰੂ ਕੀਤੇ ਨੇ ।

---------------------------------------------------------

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੇ ਹਿੱਸੇ ਵਜੋਂ ਬੀਤੇ ਕੱਲ ਲੁਧਿਆਣਾ, ਕਪੂਰਥਲਾ, ਸ੍ਰੀ ਮੁਕਤਸਰ ਸਾਹਿਬ ਅਤੇ ਬਰਨਾਲਾ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਗਏ। ਇਨ੍ਹਾਂ ਸਮਾਗਮਾਂ ਵਿੱਚ ਸੂਬੇ ਦੇ ਕੈਬਨਿਟ ਮੰਤਰੀਆਂ, ਵਿਧਾਇਕਾਂ ਅਤੇ ਸਥਾਨਕ ਆਗੂਆਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ।

ਇੱਕ ਬੁਲਾਰੇ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਕਰਵਾਏ ਗਏ ਲਾਈਟ ਐਂਡ ਸਾਊਂਡ ਸ਼ੋਅ ਵਿੱਚ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਅਤੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਇਸੇ ਤਰ੍ਹਾਂ ਕਪੂਰਥਲਾ ਦੇ ਗੁਰੂ ਨਾਨਕ ਸਟੇਡੀਅਮ ਵਿਖੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਅਤੇ ਰਾਜ ਸਭਾ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਵੱਲੋਂ ਸੰਗਤ ਨਾਲ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਲਾਸਾਨੀ ਕੁਰਬਾਨੀ ਅਤੇ ਮਹਾਨ ਫਲਸਫੇ ’ਤੇ ਚਾਨਣਾ ਪਾਉਂਦੇ ਲਾਈਟ ਐਂਡ ਸਾਊਂਡ ਸ਼ੋਅ ਨੂੰ ਵੇਖਿਆ ਗਿਆ। ਬਰਨਾਲਾ ਦੇ ਬਾਬਾ ਕਾਲਾ ਮਹਿਰ ਸਟੇਡੀਅਮ ਵਿਖੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਸਥਾਨਕ ਆਗੂਆਂ ਅਤੇ ਸੰਗਤ ਸਮੇਤ ਹਾਜ਼ਰੀ ਭਰੀ। ਜਦਕਿ ਸ੍ਰੀ ਮੁਕਤਸਰ ਸਾਹਿਬ ਦੇ ਗੁਰੂ ਗੋਬਿੰਦ ਸਿੰਘ ਸਾਹਿਬ ਸਟੇਡੀਅਮ ਵਿਖੇ ਹੋਏ ਲਾਈਟ ਐਂਡ ਸਾਊਂਡ ਸ਼ੋਅ ਵਿੱਚ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਸ਼ਾਮਿਲ ਹੋਏ। ਲਾਈਟ ਐਂਡ ਸਾਊਂਡ ਸ਼ੋਅਜ਼ ਵਿੱਚ ਆਧੁਨਿਕ ਲੇਜ਼ਰ ਲਾਈਟਾਂ ਅਤੇ 3ਡੀ ਪ੍ਰੋਜੈਕਸ਼ਨ ਰਾਹੀਂ ਗੁਰੂ ਜੀ ਦੇ ਸਮੁੱਚੇ ਜੀਵਨ ਕਾਲ, ਫਲਸਫ਼ੇ, ਸਿੱਖਿਆਵਾਂ ਅਤੇ

ਧਰਮ ਦੀ ਰੱਖਿਆ ਲਈ ਉਨ੍ਹਾਂ ਵੱਲੋਂ ਦਿੱਤੀ ਗਈ ਲਾਸਾਨੀ ਸ਼ਹਾਦਤ ਉੱਤੇ ਚਾਨਣਾ ਪਾਇਆ ਗਿਆ। ਜ਼ਿਕਰਯੋਗ ਏ ਕਿ 17 ਅਤੇ 20 ਨਵੰਬਰ ਨੂੰ ਬਾਕੀ ਜ਼ਿਲ੍ਹਿਆਂ ਵਿੱਚ ਵੀ ਲਾਈਟ ਐਂਡ ਸਾਊਂਡ ਸ਼ੋਅ ਹੋਣਗੇ ।

------------------------------------------------------------

ਮਿਸ਼ਨ ਚੜ੍ਹਦੀ ਕਲਾ ਅਧੀਨ ਹੜ੍ਹਾਂ ਅਤੇ ਮੀਂਹ ਪ੍ਰਭਾਵਿਤ ਲੋਕਾਂ ਦੇ ਮੁੜ ਵਸੇਬੇ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਜ਼ਿਲ੍ਹਿਆਂ ਵਿਚ ਕਰਵਾਏ ਗਏ ਸਮਾਗਮ ਦੌਰਾਨ 17 ਕਰੋੜ ਰੁਪਏ ਤੋਂ ਵੱਧ ਦੀ ਮੁਆਵਜ਼ਾ ਰਾਸ਼ੀ ਹੜ੍ਹ ਪੀੜਤਾਂ ਨੂੰ ਵੰਡੀ ਗਈ । ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਿੰਡ ਜ਼ਿੰਦਵੜੀ ਵਿੱਚ ਹੋਏ ਫਸਲ ਮੁਆਵਜ਼ਾ ਵੰਡ ਸਮਾਗਮ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਵਿਧਾਨ ਸਭਾ ਹਲਕੇ ਦੇ ਹੜ੍ਹ ਪੀੜਤਾਂ ਨੂੰ ਲਗਭਗ 2 ਕਰੋੜ 26 ਲੱਖ ਰੁਪਏ ਦਾ ਫਸਲ ਮੁਆਵਜ਼ਾ ਵੰਡਿਆ ਗਿਆ। ਇਸੇ ਤਰ੍ਹਾਂ ਅੰਮ੍ਰਿਤਸਰ ਦੇ ਅਜਨਾਲਾ ਖੇਤਰ ਵਿਚ 1330 ਕਿਸਾਨਾਂ ਨੂੰ 5 ਕਰੋੜ 86 ਲੱਖ ਰੁਪਏ ਦੀ ਮੁਆਵਜਾ ਰਾਸ਼ੀ ਵੰਡੀ ਗਈ । ਬਠਿੰਡਾ ਜ਼ਿਲ੍ਹੇ ਦੇ ਮੌੜ ਹਲਕੇ ਵਿੱਚ ਭਾਰੀ ਬਰਸਾਤ ਜਾਂ ਹੜ੍ਹ ਵਰਗੇ ਹਾਲਾਤ ਨਾਲ ਪ੍ਰਭਾਵਿਤ 300 ਲੋਕਾਂ ਨੂੰ ਵਿਧਾਇਕ ਸੁਖਬੀਰ ਸਿੰਘ ਮਾਈਸਰਖਾਨਾ ਨੇ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪੇ । ਮੋਗਾ ਜ਼ਿਲ੍ਹੇ ਦੇ ਹਲਕਾ

ਧਰਮਕੋਟ ਦੇ 17 ਪਿੰਡਾਂ ਵਿੱਚ 1350 ਲਾਭਪਾਤਰੀਆਂ ਨੂੰ 5 ਕਰੋੜ ਤੋਂ ਵੱਧ ਰੁਪਏ ਅਤੇ ਫਾਜ਼ਿਲਕਾ ਵਿਖੇ ਕਿਸਾਨਾਂ ਨੂੰ ਡੇਢ ਕਰੋੜ ਲੱਖ ਦੀ ਮੁਆਵਜਾ ਰਾਸ਼ੀ ਵੰਡੀ ਗਈ। PTCs

-------------------------------------------------------

ਲੁਧਿਆਣਾ ਦੇ ਸਪਰਸ਼ ਸੇਵਾ ਕੇਂਦਰ ਨੇ ਬੀਤੇ ਦਿਨੀ ਸਪਰਸ਼ ਆਊਟਰੀਚ ਪ੍ਰੋਗਰਾਮ ਕਰਵਾਇਆ , ਜਿਸਦਾ ਉਦੇਸ਼ ਰੱਖਿਆ ਪੈਨਸ਼ਨ ਲੈਣ ਵਾਲਿਆਂ ਨੂੰ ਪੈਨਸ਼ਨ ਨਾਲ ਸਬੰਧਤ ਸਹਾਇਤਾ, ਸ਼ਿਕਾਇਤ ਇਸਦੇ ਹੱਲ ਅਤੇ ਡਿਜੀਟਲ ਜੀਵਨ ਸਰਟੀਫਿਕੇਟ ਪ੍ਰਦਾਨ ਕਰਨਾ ਸੀ। ਪ੍ਰੋਗਰਾਮ ਵਿੱਚ ਲਗਭਗ ਪੈਨਸ਼ਨ ਲੈਣ ਵਾਲੇ 170 ਵਿਅਕਤੀਆਂ ਨੇ ਹਿੱਸਾ ਲਿਆ । ਭਾਗੀਦਾਰਾਂ ਵਿੱਚ ਭਾਰਤੀ ਫੌਜ, ਜਲ ਸੈਨਾ, ਹਵਾਈ ਸੈਨਾ ਅਤੇ ਰੱਖਿਆ ਸਿਵਲੀਅਨ ਕਰਮਚਾਰੀ ਸ਼ਾਮਲ ਸਨ, ਜਿਨ੍ਹਾਂ ਨੇ ਤੁਰੰਤ ਸ਼ਿਕਾਇਤ ਨਿਵਾਰਣ, ਤਸਦੀਕ ਅਤੇ ਪਛਾਣ ਸੇਵਾਵਾਂ ਦਾ ਲਾਭ ਉਠਾਇਆ। ਇਸ ਮੁਹਿੰਮ ਦੇ ਤਹਿਤ, ਸ਼ਿਕਾਇਤਾਂ ਦੀ ਮੌਕੇ 'ਤੇ ਪਛਾਣ ਕਰਕੇ ਨਿਪਟਾਰਾ ਕੀਤਾ ਗਿਆ।

-------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਚੰਡੀਗੜ੍ਹ ਸਥਿਤ ਮਹਾਤਮਾ ਗਾਂਧੀ

ਰਾਜ ਲੋਕ ਪ੍ਰਸ਼ਾਸ਼ਨ ਸੰਸਥਾ ਵਿਖੇ ਅੱਜ ਵਿਖੇ "ਭੋਜਨ ਹੀ ਦਵਾਈ ਏ " ਵਿਸ਼ੇ ’ਤੇ ਸੈਮੀਨਾਰ ਕਰਵਾਇਆ ਗਿਆ। ਜਿਸਦਾ ਉਦੇਸ਼ ਮਿਆਰੀ ਸਿਹਤ ਤੇ ਸਿਹਤਮੰਦ ਜੀਵਨਸ਼ੈਲੀ ਯਕੀਨੀ ਬਣਾਉਣਾ ਏ। ਇਸ ਸੈਮੀਨਾਰ ਦੌਰਾਨ ਸੂਬਾ ਵਾਸੀਆਂ ਦਰਮਿਆਨ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਪੈਦਾ ਕਰਨ ‘ਤੇ ਧਿਆਨ ਕੇਂਦਰਿਤ ਕਰਦਿਆਂ ਵਿਸ਼ੇ ‘ਤੇ ਮੁੱਖ ਤੌਰ ‘ਤੇ ਚਰਚਾ ਕੀਤੀ ਗਈ। ਲੁਧਿਆਣਾ ਤੋਂ ਡਾ. ਵਿਪਨ ਭਾਰਗਵ ਨੇ ਕਿਹਾ ਕਿ ਇਸ ਨੁਕਤੇ ਨੂੰ ਉਜਾਗਰ ਕਰਦਿਆਂ ਪੌਸ਼ਟਿਕ ਭੋਜਨ ਖਾਣ ਦਾ ਸੁਨੇਹਾ ਜ਼ਮੀਨੀ ਪੱਧਰ ਤੱਕ ਪਹੁੰਚਾਉਣਾ ਯਕੀਨੀ ਬਣਾਉਣਾ ਬਹੁਤ ਮਹੱਤਵਪੂਰਨ ਏ। ਡਾ. ਭਾਰਗਵ ਨੇ ਕਿਹਾ ਕਿ ਪੌਦਿਆਂ ’ਤੇ ਆਧਾਰਿਤ ਕੁਦਰਤੀ ਸਬਜ਼ੀਆਂ ਅਤੇ ਘਰ ਵਿੱਚ ਉਗਾਈਆਂ ਜਾਣ ਵਾਲੀਆਂ ਸਬਜ਼ੀਆਂ ਇੱਕ ਸਿਹਤਮੰਦ ਜੀਵਨ ਸ਼ੈਲੀ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਨੇ। ਆਯੁਰਵੇਦ ਦੀ ਮਹੱਤਤਾ ’ਤੇ ਜ਼ੋਰ ਦਿੰਦਿਆਂ ਆਈ.ਆਰ.ਏ ਚੈਂਬਰ ਆਫ਼ ਆਯੁਰਵੇਦ ਦੇ ਚੇਅਰਮੈਨ ਐਸ.ਕੇ. ਬਾਤਿਸ਼ ਨੇ ਦੱਸਿਆ ਕਿ ਵਿਸ਼ਵ ਭਰ ਦੇ 170 ਦੇਸ਼ਾਂ ਨੇ ਆਯੁਰਵੇਦ ਦੀ ਮਹਤੱਤਾ ਨੂੰ ਸਵੀਕਾਰ ਕੀਤਾ ਏ  ਜਦੋਂ ਕਿ 23 ਦੇਸ਼ਾਂ ਨੇ ਇਸਨੂੰ ਆਪਣੀ ਸਿਹਤ

ਨੀਤੀ ਦਾ ਹਿੱਸਾ ਬਣਾਇਆ ਏ। ਉਨ੍ਹਾਂ ਨੇ ਮੋਟੇ ਅਨਾਜ ‘ਤੇ ਅਧਾਰਤ ਖ਼ੁਰਾਕ ਦੀ ਮਹੱਤਤਾ ਦੀ ਵੀ ਵਕਾਲਤ ਕੀਤੀ।

---------------------------------------------------------

ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਨੇ ਕੱਲ ਬਾਲ ਦਿਵਸ ਮੌਕੇ ਦਯਾਨੰਦ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਸਹਿਯੋਗ ਨਾਲ, 'ਮਿਸ਼ਨ ਸਵਸਥ ਕਵਚ' ਦੇ ਦੂਜੇ ਗੇੜ ਦੀ ਸ਼ੁਰੂਆਤ ਕੀਤੀ, ਜੋ ਕਿ ਲੁਧਿਆਣਾ ਨੂੰ ਹਾਈਪਰਟੈਨਸ਼ਨ ਮੁਕਤ ਜ਼ਿਲ੍ਹਾ ਬਣਾਉਣ ਦੇ ਉਦੇਸ਼ ਨਾਲ ਇੱਕ ਪ੍ਰਮੁੱਖ ਸਿਹਤ ਪਹਿਲ ਏ। ਇਸ ਸਮਾਗਮ ਨੇ ਪਹਿਲੇ ਗੇੜ ਦੀ ਸਮਾਪਤੀ ਦੌਰਾਨ 80 ਸਰਕਾਰੀ ਅਤੇ ਨਿੱਜੀ ਸਕੂਲਾਂ ਦੇ 50 ਹਜ਼ਾਰ ਵਿਦਿਆਰਥੀਆਂ ਅਤੇ 1,000 ਅਧਿਆਪਕਾਂ ਨੂੰ CPR ਅਤੇ ਬਲੱਡ ਪ੍ਰੈਸ਼ਰ ਬਾਰੇ ਸਿਖਲਾਈ ਦਿੱਤੀ ਗਈ। ਇਸ ਗੇੜ ਵਿੱਚ ਹਾਈਪਰਟੈਨਸ਼ਨ ਲਈ ਲਗਭਗ 5 ਲੱਖ ਲੋਕਾਂ ਦੀ ਜਾਂਚ ਕੀਤੀ ਗਈ।

---------------------------------------------------------

ਨਿਸ਼ਾਨੇਬਾਜ਼ੀ ਵਿੱਚ, ਸਾਬਕਾ ਏਸ਼ੀਆਈ ਚੈਂਪੀਅਨ ਈਸ਼ਾ ਸਿੰਘ ਨੇ ਕੱਲ੍ਹ ਮਿਸਰ ਦੇ ਕਾਹਿਰਾ ਵਿੱਚ ISSF ਵਿਸ਼ਵ ਚੈਂਪੀਅਨਸ਼ਿਪ ਰਾਈਫਲ ਅਤੇ ਪਿਸਟਲ ਵਿੱਚ, ਔਰਤਾਂ ਦੇ 25 ਮੀਟਰ ਪਿਸਟਲ ਮੁਕਾਬਲੇ ਵਿੱਚ ਕਾਂਸੀ

ਦਾ ਤਮਗਾ ਜਿੱਤਿਆ। ਇਹ ਉਸਦਾ ਪਹਿਲਾ ਵਿਅਕਤੀਗਤ ਸੀਨੀਅਰ ਵਿਸ਼ਵ ਚੈਂਪੀਅਨਸ਼ਿਪ ਤਮਗਾ ਏ।

---------------------------------------------------------